ਵਰਲਡ ਪੰਜਾਬੀ ਟਾਈਮਜ਼
WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

ਰਾਸ਼ਟਰੀ ਕਾਨੂੰਨੀ ਸੇਵਾਵਾਂ ਦਿਵਸ ਮੌਕੇ ਕੇਂਦਰੀ ਜੇਲ੍ਹ ਪਟਿਆਲਾ ਵਿਖੇ ਕੈਦੀਆਂ ਨੂੰ ਕਾਨੂੰਨੀ ਅਧਿਕਾਰਾਂ ਬਾਰੇ ਕੀਤਾ ਜਾਗਰੂਕ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 11 ਨਵੰਬਰ : ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਵੱਲੋਂ ਜ਼ਿਲ੍ਹਾ ਪਟਿਆਲਾ ਵਿਖੇ ਰਾਜ ਪੱਧਰੀ ਰਾਸ਼ਟਰੀ ਕਾਨੂੰਨੀ ਸੇਵਾਵਾਂ ਦਿਵਸ ਮਨਾਇਆ ਗਿਆ। ਇਸ ਮੌਕੇ ਮਾਨਯੋਗ ਮੈਂਬਰ ਸਕੱਤਰ (ਇੰਚਾਰਜ), ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਸ੍ਰੀ ਅਰੁਣ ਕੁਮਾਰ ਅਗਰਵਾਲ ਨੇ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਸ੍ਰੀਮਤੀ ਅਮਨਦੀਪ ਕੰਬੋਜ ਦੇ ਨਾਲ ਕੇਂਦਰੀ ਜੇਲ੍ਹ, ਪਟਿਆਲਾ ਦਾ ਦੌਰਾ ਕੀਤਾ ਅਤੇ ਆਪਣੀ ਹਾਜ਼ਰੀ ਨਾਲ ਇਸ ਮੌਕੇ ਦੀ ਸ਼ੋਭਾ ਵਧਾਈ।

ਇਸ ਮੌਕੇ ਕੇਂਦਰੀ ਜੇਲ੍ਹ, ਪਟਿਆਲਾ ਵਿਖੇ ਕਾਨੂੰਨੀ ਜਾਗਰੂਕਤਾ ਪ੍ਰੋਗਰਾਮ ਵੀ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਦੌਰਾਨ ਸ੍ਰੀ ਅਰੁਣ ਕੁਮਾਰ ਅਗਰਵਾਲ ਨੇ ਜੇਲ੍ਹ ਦੇ ਕੈਦੀਆਂ ਨੂੰ ਸੰਬੋਧਨ ਕਰਦਿਆਂ ਰਾਸ਼ਟਰੀ ਕਾਨੂੰਨੀ ਸੇਵਾਵਾਂ ਦਿਵਸ ਦੀ ਮਹੱਤਤਾ ਅਤੇ ਮੁਫ਼ਤ ਕਾਨੂੰਨੀ ਸੇਵਾਵਾਂ ਦੀ ਉਪਲਬਧਤਾ ਬਾਰੇ ਜਾਣੂ ਕਰਵਾਇਆ। ਉਨ੍ਹਾਂ ਨੇ ਕੈਦੀਆਂ ਨੂੰ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ ਅਤੇ ਮੁਫ਼ਤ ਕਾਨੂੰਨੀ ਸਹਾਇਤਾ ਦੇ ਲਾਭਾਂ ਬਾਰੇ ਸਰਲ ਅਤੇ ਆਸਾਨ ਭਾਸ਼ਾ ਵਿੱਚ ਜਾਣਕਾਰੀ ਦਿੱਤੀ।

ਇਸ ਪ੍ਰੋਗਰਾਮ ਦੌਰਾਨ ਯੋਗ ਵਿਅਕਤੀਆਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਪ੍ਰਦਾਨ ਕਰਨ ਦੀ ਮਹੱਤਤਾ ਅਤੇ ਕਾਨੂੰਨੀ ਜਾਗਰੂਕਤਾ ਫੈਲਾਉਣ, ਕਾਨੂੰਨੀ ਸਹਾਇਤਾ ਮੁਹੱਈਆ ਕਰਵਾਉਣ ਅਤੇ ਲੋਕਾਂ ਦੇ ਝਗੜਿਆਂ ਦਾ ਨਿਪਟਾਰਾ ਕਰਨ ਵਿੱਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਭੂਮਿਕਾ ਬਾਰੇ ਵੀ ਚਾਨਣਾ ਪਾਇਆ ਗਿਆ। ਕੈਦੀਆਂ ਨੂੰ ਦੱਸਿਆ ਗਿਆ ਕਿ ਲੋਕ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਦੇ ਦਫ਼ਤਰ ਵਿਖੇ ਨਿੱਜੀ ਤੌਰ 'ਤੇ ਪਹੁੰਚ ਕੇ ਜਾਂ ਫ਼ੋਨ ਨੰਬਰ 0175-2306500 'ਤੇ ਸੰਪਰਕ ਕਰਕੇ ਕਾਨੂੰਨੀ ਸਹਾਇਤਾ ਪ੍ਰਾਪਤ ਕਰ ਸਕਦੇ ਹਨ। ਇਸ ਤੋਂ ਇਲਾਵਾ, ਉਨ੍ਹਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਾਪਤ ਕਰਨ ਲਈ ਨਾਲਸਾ ਦੀ ਟੋਲ-ਫ੍ਰੀ ਹੈਲਪਲਾਈਨ ਨੰਬਰ 15100 ਬਾਰੇ ਵੀ ਜਾਣੂ ਕਰਵਾਇਆ ਗਿਆ।

ਜੇਲ੍ਹ ਵਿੱਚ ਬੰਦ ਕੈਦੀਆਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਅਤੇ ਜੇਲ੍ਹ ਪਰਿਸਰ ਵਿੱਚ ਉਨ੍ਹਾਂ ਲਈ ਢੁਕਵੀਆਂ ਸਿਹਤ ਅਤੇ ਡਾਕਟਰੀ ਸਹੂਲਤਾਂ ਯਕੀਨੀ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਇਸ ਸਬੰਧੀ ਜੇਲ੍ਹ ਅਧਿਕਾਰੀਆਂ ਅਤੇ ਸਬੰਧਤ ਸਟਾਫ਼ ਨੂੰ ਕੈਦੀਆਂ ਦੀ ਭਲਾਈ ਅਤੇ ਬਿਹਤਰੀ ਲਈ ਲੋੜੀਂਦੇ ਉਪਰਾਲੇ ਕਰਨ ਦੇ ਨਿਰਦੇਸ਼ ਦਿੱਤੇ ਗਏ।

ਗੱਲਬਾਤ ਦੌਰਾਨ ਮਾਨਯੋਗ ਮੈਂਬਰ ਸਕੱਤਰ (ਇੰਚਾਰਜ) ਨੇ ਕੈਦੀਆਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਅਤੇ ਜੇਲ੍ਹ ਵਿੱਚ ਚਲਾਏ ਜਾ ਰਹੇ ਕਿੱਤਾਮੁਖੀ ਸਿਖਲਾਈ ਪ੍ਰੋਗਰਾਮਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਅਜਿਹੇ ਸਿਖਲਾਈ ਪ੍ਰੋਗਰਾਮ ਕੈਦੀਆਂ ਦੇ ਪੁਨਰਵਾਸ ਅਤੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਮੁੜ ਸ਼ਾਮਲ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਕੈਦੀਆਂ ਨੂੰ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ ਅਤੇ ਹੱਕਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸ਼ਿਕਾਇਤਾਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਉਨ੍ਹਾਂ ਦੇ ਨਿਪਟਾਰੇ ਲਈ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਗਏ।

ਦੌਰੇ ਦੌਰਾਨ ਸ੍ਰੀ ਅਰੁਣ ਕੁਮਾਰ ਅਗਰਵਾਲ ਵੱਲੋਂ ਜੇਲ੍ਹ ਵਿੱਚ ਸਥਿਤ ਕਾਨੂੰਨੀ ਸਹਾਇਤਾ ਕਲੀਨਿਕ, ਵੱਖ-ਵੱਖ ਬੈਰਕਾਂ, ਜੇਲ੍ਹ ਦੀ ਰਸੋਈ ਅਤੇ ਮਹਿਲਾ ਕੈਦੀਆਂ ਲਈ ਚਲਾਏ ਜਾ ਰਹੇ ਕਿੱਤਾਮੁਖੀ ਸਿਖਲਾਈ ਕੇਂਦਰ ਦਾ ਨਿੱਜੀ ਤੌਰ 'ਤੇ ਨਿਰੀਖਣ ਕੀਤਾ ਗਿਆ। ਇਸ ਮੌਕੇ ਬਿਊਟੀਸ਼ੀਅਨ ਕੋਰਸ ਸਫਲਤਾਪੂਰਵਕ ਪੂਰਾ ਕਰਨ ਵਾਲੀਆਂ ਮਹਿਲਾ ਕੈਦੀਆਂ ਨੂੰ ਸਰਟੀਫਿਕੇਟ ਵੀ ਵੰਡੇ ਗਏ।

ਪੀ.ਏ.ਯੂ. ਦਾ ਕੀਟ ਵਿਗਿਆਨੀ ਵਿਦਿਆਰਥੀ ਸ਼੍ਰੀਲੰਕਾ ਵਿਚ ਕੌਮਾਂਤਰੀ ਕਾਨਫਰੰਸ ਦਾ ਹਿੱਸਾ ਬਣਿਆ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 11 ਨਵੰਬਰ : ਪੀ.ਏ.ਯੂ. ਦੇ ਕੀਟ ਵਿਗਿਆਨ ਵਿਭਾਗ ਵਿਚ ਐੱਮ ਐੱਸ ਸੀ ਦੇ ਵਿਦਿਆਰਥੀ ਗੁਰਅੰਸ਼ਪਾਲ ਸਿੰਘ ਬੀਤੇ ਦਿਨੀਂ ਸ਼੍ਰੀਲੰਕਾ ਦੀ ਯੂਨੀਵਰਸਿਟੀ ਵਿਖੇ ਹੋਈ ਕੌਮਾਂਤਰੀ ਕਾਨਫਰੰਸ ਵਿਚ ਸ਼ਾਮਿਲ ਹੋਏ| ਇਹ ਕੌਮਾਂਤਰੀ ਕਾਨਫਰੰਸ ਮਿਹਨਤਾਲੇ ਵਿਖੇ ਰਾਜਰੱਤਾ ਯੂਨੀਵਰਸਿਟੀ ਵਿਚ ਆਯੋਜਿਤ ਕੀਤੀ ਗਈ ਸੀ| ਇਸ ਦੌਰਾਨ ਗੁਰਅੰਸ਼ਪਾਲ ਸਿੰਘ ਨੇ ਪੰਜਾਬ ਵਿਚ ਮਹੱਤਵਪੂਰਨ ਫਸਲਾਂ ਦੇ ਕੀੜੇ-ਮਕੌੜਿਆਂ ਦੇ ਬਾਇਓ ਰੋਕਥਾਮ ਏਜੰਟਾਂ ਦੀ ਭਿੰਨਤਾ ਬਾਰੇ ਪੇਸ਼ਕਾਰੀ ਦਿੱਤੀ| ਇਸ ਦੌਰਾਨ ਉਹਨਾਂ ਨੇ ਖੇਤੀਬਾੜੀ ਵਿਚ ਕੀਟਾਂ ਦੀ ਰੋਕਥਾਮ ਦੇ ਜੈਵਿਕ ਰੋਕਥਾਮ ਏਜੰਟਾਂ ਬਾਰੇ ਮਹੱਤਵਪੂਰਨ ਧਾਰਨਾਵਾਂ ਪੇਸ਼ ਕੀਤੀਆਂ| ਇਸ ਪੇਸ਼ਕਾਰੀ ਦੌਰਾਨ ਸ਼੍ਰੀਲੰਕਾ ਯੂਨੀਵਰਸਿਟੀ ਦੇ ਫੈਕਲਟੀ ਮੈਂਬਰਾਨ ਅਤੇ ਪੋਸਟ ਗ੍ਰੈਜੂਏਟ ਵਿਦਿਆਰਥੀ ਵੀ ਮੌਜੂਦ ਸਨ| ਇਸ ਦੌਰਾਨ ਵਿਦਿਆਰਥੀ ਨੇ ਸ਼੍ਰੀਲੰਕਾ ਦੀਆਂ ਮਹੱਤਵਪੂਰਨ ਖੋਜ ਸੰਸਥਾਵਾਂ ਜਿਵੇਂ ਖੇਤ ਫਸਲਾਂ ਬਾਰੇ ਖੋਜ ਅਤੇ ਵਿਕਾਸ ਸੰਸਥਾਨ ਮਹਿਲੂਪਲਾਮਾ ਅਤੇ ਬਾਗਬਾਨੀ ਫਸਲਾਂ ਬਾਰੇ ਖੋਜ ਅਤੇ ਵਿਕਾਸ ਸੰਸਥਾਨ ਕੈਂਡੀ ਦਾ ਦੌਰਾ ਵੀ ਕੀਤਾ| ਜ਼ਿਕਰਯੋਗ ਹੈ ਕਿ ਉਪਰੋਕਤ ਵਿਦਿਆਰਥੀ ਆਪਣਾ ਐੱਮ ਐੱਸ ਸੀ ਖੋਜ ਕਾਰਜ ਡਾ. ਪੀ ਐੱਸ ਸ਼ੇਰਾ ਦੀ ਨਿਗਰਾਨੀ ਹੇਠ ਕਰ ਰਿਹਾ ਹੈ|

ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਹਰਵਿੰਦਰ ਸਿੰਘ ਧਾਲੀਵਾਲ, ਡੀਨ ਪੋਸਟ ਗ੍ਰੈਜੂਏਟ ਸਟੱਡੀਜ਼ ਡਾ. ਹਰਮਿੰਦਰ ਸਿੰਘ, ਖੇਤੀਬਾੜੀ ਕਾਲਜ ਦੇ ਡੀਨ ਡਾ. ਚਰਨਜੀਤ ਸਿੰਘ ਔਲਖ ਅਤੇ ਕੀਟ ਵਿਗਿਆਨ ਵਿਭਾਗ ਦੇ ਮੁਖੀ ਡਾ. ਮਨਮੀਤ ਭੁੱਲਰ ਨੇ ਇਸ ਵਿਦਿਆਰਥੀ ਨੂੰ ਵਧਾਈ ਦਿੱਤੀ ਅਤੇ ਉਸਦੇ ਬਿਹਤਰ ਭਵਿੱਖ ਦੀ ਕਾਮਨਾ ਕੀਤੀ|

ਪਿੰਡ ਦੌਣ ਕਲਾਂ ਵਿਖੇ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਸੁਸਾਇਟੀ ਵਿੱਚ ਉਪਲਬਧ ਖੇਤੀ ਸੰਦਾਂ ਬਾਰੇ ਕੀਤਾ ਜਾਗਰੂਕ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, 11 ਨਵੰਬਰ:ਸਹਿਕਾਰੀ ਸਭਾਵਾਂ ਵੱਲੋਂ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਅਤੇ ਫ਼ਸਲਾਂ ਦੀ ਰਹਿੰਦ-ਖੂੰਹਦ ਦਾ ਖੇਤਾਂ ਵਿੱਚ ਹੀ ਸੁਚੱਜਾ ਪ੍ਰਬੰਧਨ ਕਰਨ ਲਈ ਕਿਸਾਨਾਂ ਨੂੰ ਜਾਗਰੂਕ ਕਰਨ ਵਾਸਤੇ ਪਿੰਡ ਦੌਣ ਕਲਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਕਿਸਾਨਾਂ ਨੂੰ ਪਰਾਲੀ ਦੇ ਖੇਤਾਂ ਵਿੱਚ ਹੀ ਪ੍ਰਬੰਧਨ (ਇਨ-ਸੀਟੂ ਮੈਨੇਜਮੈਂਟ) ਲਈ ਸੁਸਾਇਟੀ ਵਿੱਚ ਉਪਲਬਧ ਖੇਤੀਬਾੜੀ ਸੰਦਾਂ ਦੀ ਵਰਤੋਂ ਕਰਨ ਬਾਰੇ ਜਾਣਕਾਰੀ ਦਿੱਤੀ ਗਈ।



ਇਸ ਮੌਕੇ ਸ. ਸੰਗਰਾਮ ਸਿੰਘ ਸੰਧੂ ਨੇ ਕਿਸਾਨਾਂ ਨੂੰ ਦੱਸਿਆ ਕਿ ਸੁਸਾਇਟੀ ਰਾਹੀਂ ਉਪਲਬਧ ਖੇਤੀ ਸੰਦਾਂ ਦੀ ਵਰਤੋਂ ਕਰਕੇ ਪਰਾਲੀ ਨੂੰ ਬਿਨਾਂ ਅੱਗ ਲਗਾਏ ਖੇਤਾਂ ਵਿੱਚ ਹੀ ਮਿਲਾਇਆ ਜਾ ਸਕਦਾ ਹੈ। ਇਸ ਨਾਲ ਜਿੱਥੇ ਵਾਤਾਵਰਣ ਪ੍ਰਦੂਸ਼ਣ ਨੂੰ ਰੋਕਣ ਵਿੱਚ ਮਦਦ ਮਿਲਦੀ ਹੈ, ਉੱਥੇ ਹੀ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਬਰਕਰਾਰ ਰਹਿੰਦੀ ਹੈ।

ਇਸ ਦੌਰਾਨ ਕਿਸਾਨਾਂ ਨੂੰ ਵੱਖ-ਵੱਖ ਖੇਤੀ ਮਸ਼ੀਨਰੀ ਜਿਵੇਂ ਕਿ ਸੁਪਰ ਸੀਡਰ, ਹੈਪੀ ਸੀਡਰ, ਮਲਚਰ ਅਤੇ ਹੋਰ ਇਨ-ਸੀਟੂ ਪ੍ਰਬੰਧਨ ਵਾਲੇ ਸੰਦਾਂ ਦੀ ਵਰਤੋਂ ਸਬੰਧੀ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੂੰ ਦੱਸਿਆ ਗਿਆ ਕਿ ਇਨ੍ਹਾਂ ਸੰਦਾਂ ਰਾਹੀਂ ਪਰਾਲੀ ਦਾ ਖੇਤਾਂ ਵਿੱਚ ਹੀ ਪ੍ਰਬੰਧਨ ਕਰਕੇ ਅਗਲੀ ਫ਼ਸਲ ਦੀ ਬਿਜਾਈ ਸੁਚੱਜੇ ਢੰਗ ਨਾਲ ਕੀਤੀ ਜਾ ਸਕਦੀ ਹੈ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਆਧੁਨਿਕ ਖੇਤੀ ਤਕਨੀਕਾਂ ਅਤੇ ਸੁਸਾਇਟੀ ਵਿੱਚ ਉਪਲਬਧ ਖੇਤੀ ਸੰਦਾਂ ਦਾ ਲਾਭ ਲੈਣ ਅਤੇ ਵਾਤਾਵਰਣ ਦੀ ਸੰਭਾਲ ਵਿੱਚ ਆਪਣਾ ਯੋਗਦਾਨ ਪਾਉਣ। ਕਿਸਾਨਾਂ ਦੇ ਸਹਿਯੋਗ ਨਾਲ ਹੀ ਪਰਾਲੀ ਸਾੜਨ ਦੀ ਸਮੱਸਿਆ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਿਆ ਜਾ ਸਕਦਾ ਹੈ ਅਤੇ ਵਾਤਾਵਰਣ ਨੂੰ ਸਾਫ਼-ਸੁਥਰਾ ਰੱਖਿਆ ਜਾ ਸਕਦਾ ਹੈ।

ਬਲਰਾਜ ਸਾਹਨੀ ਦੀ ਬਹੁਪੱਖੀ ਸ਼ਖ਼ਸੀਅਤ ਨੂੰ ਸਮਰਪਿਤ ਡਾਕੂਮੈਂਟਰੀ 'ਇਕ ਸਫ਼ਰ, ਇਕ ਦਾਸਤਾਨ' ਦਾ ਪ੍ਰਦਰਸ਼ਨ

ਸਾਊਥ ਸਰੀ ਵਿਖੇ ਨਾਮਵਰ ਲੇਖਕਾਂ, ਕਲਾਕਾਰਾਂ ਅਤੇ ਸਿਨੇਮਾ ਪ੍ਰੇਮੀਆਂ ਨੇ ਕੀਤੀ ਸ਼ਿਰਕਤ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ





ਸਰੀ, 11 ਨਵੰਬਰ :ਭਾਰਤੀ ਸਿਨੇਮਾ ਦੇ ਮਹਾਨ ਅਦਾਕਾਰ, ਸੰਵੇਦਨਸ਼ੀਲ ਲੇਖਕ ਅਤੇ ਪੰਜਾਬੀ ਸੱਭਿਆਚਾਰ ਦੇ ਸੂਝਵਾਨ ਪ੍ਰਤੀਨਿਧ ਬਲਰਾਜ ਸਾਹਨੀ ਦੇ ਜੀਵਨ, ਕਲਾ, ਸਾਹਿਤਕ ਯੋਗਦਾਨ ਅਤੇ ਪੰਜਾਬ ਨਾਲ ਉਨ੍ਹਾਂ ਦੇ ਗੂੜ੍ਹੇ ਸਬੰਧਾਂ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ 'ਬਲਰਾਜ ਸਾਹਨੀ: ਇਕ ਸਫ਼ਰ, ਇਕ ਦਾਸਤਾਨ' ਦਾ ਪ੍ਰਦਰਸ਼ਨ ਬੀਤੇ ਦਿਨ ਸਾਊਥ ਸਰੀ ਦੇ ਕੈਪ੍ਰਿਸ ਸਿਨੇਮਾਜ (ਕੈਪ੍ਰਿਸ ਵ੍ਹਾਈਟ ਰੌਕ) ਵਿਖੇ ਕੀਤਾ ਗਿਆ। ਇਸ ਮੌਕੇ ਪੰਜਾਬੀ ਸਾਹਿਤ, ਕਲਾ, ਸਿਨੇਮਾ ਅਤੇ ਸੱਭਿਆਚਾਰ ਨਾਲ ਜੁੜੀਆਂ ਨਾਮਵਰ ਸ਼ਖ਼ਸੀਅਤਾਂ ਸਮੇਤ ਵੱਡੀ ਗਿਣਤੀ ਵਿੱਚ ਪੰਜਾਬੀ ਪ੍ਰੇਮੀਆਂ ਨੇ ਸ਼ਮੂਲੀਅਤ ਕੀਤੀ।

ਬਲਰਾਜ ਸਾਹਨੀ ਦਾ ਨਾਂ ਭਾਰਤੀ ਸਿਨੇਮਾ ਦੇ ਇਤਿਹਾਸ ਵਿੱਚ ਇੱਕ ਅਜਿਹੇ ਅਦਾਕਾਰ ਵਜੋਂ ਦਰਜ ਹੈ, ਜਿਸ ਨੇ ਆਪਣੀ ਅਦਾਕਾਰੀ ਨੂੰ ਮਨੁੱਖੀ ਸੰਵੇਦਨਾਵਾਂ, ਸਮਾਜਿਕ ਸਰੋਕਾਰਾਂ ਅਤੇ ਆਮ ਲੋਕਾਂ ਦੇ ਦੁੱਖਾਂ-ਦਰਦਾਂ ਦੀ ਆਵਾਜ਼ ਬਣਾਇਆ। ਉਨ੍ਹਾਂ ਨੇ ਰੰਗਮੰਚ ਤੋਂ ਆਪਣੇ ਕਲਾਤਮਕ ਸਫ਼ਰ ਦੀ ਸ਼ੁਰੂਆਤ ਕੀਤੀ ਅਤੇ ਇੰਡੀਅਨ ਪੀਪਲਜ਼ ਥੀਏਟਰ ਐਸੋਸੀਏਸ਼ਨ (ਇਪਟਾ) ਨਾਲ ਜੁੜ ਕੇ ਨਾਟਕਾਂ ਰਾਹੀਂ ਸਮਾਜਿਕ ਚੇਤਨਾ ਅਤੇ ਲੋਕ-ਪੱਖੀ ਸੋਚ ਨੂੰ ਪ੍ਰਗਟਾਇਆ। ਉਨ੍ਹਾਂ ਦੀ ਅਦਾਕਾਰੀ ਦੀ ਵਿਸ਼ੇਸ਼ਤਾ ਇਹ ਸੀ ਕਿ ਉਹ ਪਾਤਰ ਨੂੰ ਸਿਰਫ਼ ਪਰਦੇ ਉੱਤੇ ਪੇਸ਼ ਨਹੀਂ ਕਰਦੇ ਸਨ, ਸਗੋਂ ਉਸ ਦੇ ਜੀਵਨ, ਸੰਘਰਸ਼ ਅਤੇ ਭਾਵਨਾਵਾਂ ਨੂੰ ਆਪਣੇ ਅੰਦਰ ਜਿਉਂਦੇ ਸਨ। 'ਧਰਤੀ ਕੇ ਲਾਲ', 'ਦੋ ਬੀਘਾ ਜ਼ਮੀਨ', 'ਕਾਬੁਲੀਵਾਲਾ', 'ਵਕ਼ਤ', 'ਹਕੀਕਤ', 'ਅਨੁਰਾਧਾ' ਅਤੇ ਆਖ਼ਰੀ ਫ਼ਿਲਮ 'ਗਰਮ ਹਵਾ' ਉਨ੍ਹਾਂ ਦੀਆਂ ਯਾਦਗਾਰੀ ਫ਼ਿਲਮਾਂ ਹਨ। ਪੰਜਾਬੀ ਸਿਨੇਮਾ ਵਿੱਚ ਵੀ ਉਨ੍ਹਾਂ ਨੇ 'ਸਤਲੁਜ ਦੇ ਕੰਢੇ' ਅਤੇ 'ਨਾਨਕ ਦੁਖੀਆ ਸਭ ਸੰਸਾਰ' ਵਰਗੀਆਂ ਫ਼ਿਲਮਾਂ ਰਾਹੀਂ ਆਪਣੀ ਅਮਿੱਟ ਛਾਪ ਛੱਡੀ। 'ਦੋ ਬੀਘਾ ਜ਼ਮੀਨ' ਵਿੱਚ ਇੱਕ ਗ਼ਰੀਬ ਕਿਸਾਨ ਅਤੇ 'ਕਾਬੁਲੀਵਾਲਾ' ਵਿੱਚ ਮਨੁੱਖੀ ਮੋਹ ਨਾਲ ਭਰੇ ਕਿਰਦਾਰ ਦੀ ਪੇਸ਼ਕਾਰੀ ਉਨ੍ਹਾਂ ਦੀ ਅਦਾਕਾਰੀ ਦੇ ਯਾਦਗਾਰੀ ਨਮੂਨੇ ਹਨ।

ਬਲਰਾਜ ਸਾਹਨੀ ਦੀ ਸ਼ਖ਼ਸੀਅਤ ਦਾ ਇੱਕ ਹੋਰ ਅਹਿਮ ਪੱਖ ਉਨ੍ਹਾਂ ਦਾ ਸਾਹਿਤਕ ਯੋਗਦਾਨ ਹੈ। ਉਹ ਪੰਜਾਬੀ ਭਾਸ਼ਾ ਦੇ ਗੰਭੀਰ ਲੇਖਕ ਅਤੇ ਚਿੰਤਕ ਸਨ। ਉਨ੍ਹਾਂ ਨੇ ਆਪਣੀਆਂ ਲਿਖਤਾਂ ਰਾਹੀਂ ਸਮਾਜਿਕ ਜੀਵਨ, ਮਨੁੱਖੀ ਰਿਸ਼ਤਿਆਂ, ਸੱਭਿਆਚਾਰਕ ਸਾਂਝ ਅਤੇ ਸਮੇਂ ਦੇ ਰਾਜਨੀਤਕ ਤੇ ਸਮਾਜਿਕ ਹਾਲਾਤਾਂ ਨੂੰ ਬੜੀ ਸੰਵੇਦਨਸ਼ੀਲਤਾ ਨਾਲ ਪੇਸ਼ ਕੀਤਾ। 'ਮੇਰਾ ਪਾਕਿਸਤਾਨੀ ਸਫ਼ਰਨਾਮਾ', 'ਮੇਰਾ ਰੂਸੀ ਸਫ਼ਰਨਾਮਾ', 'ਕਾਮੇ', 'ਇਕ ਸਫ਼ਰ ਇਕ ਦਾਸਤਾਨ' ਅਤੇ 'ਗ਼ੈਰ ਜਜ਼ਬਾਤੀ ਡਾਇਰੀ' ਉਨ੍ਹਾਂ ਦੀਆਂ ਚਰਚਿਤ ਸਾਹਿਤਕ ਰਚਨਾਵਾਂ ਵਿੱਚ ਸ਼ਾਮਲ ਹਨ। ਉਨ੍ਹਾਂ ਦੀ ਲੇਖਣੀ ਵਿੱਚ ਪੰਜਾਬ ਦੀ ਮਿੱਟੀ, ਲੋਕਾਂ ਦਾ ਜੀਵਨ, ਭਾਸ਼ਾ ਪ੍ਰਤੀ ਮੋਹ ਅਤੇ ਮਨੁੱਖਤਾ ਦਾ ਸੰਦੇਸ਼ ਸਪੱਸ਼ਟ ਰੂਪ ਵਿੱਚ ਦਿਖਾਈ ਦਿੰਦਾ ਹੈ। ਇਸ ਤਰ੍ਹਾਂ ਬਲਰਾਜ ਸਾਹਨੀ ਨੇ ਅਦਾਕਾਰੀ ਅਤੇ ਸਾਹਿਤ ਦੋਵਾਂ ਖੇਤਰਾਂ ਵਿੱਚ ਆਪਣੀ ਵਿਲੱਖਣ ਪਛਾਣ ਬਣਾਈ ਅਤੇ ਪੰਜਾਬੀ ਸੱਭਿਆਚਾਰ ਦੀ ਅਮੀਰ ਵਿਰਾਸਤ ਵਿੱਚ ਮਹੱਤਵਪੂਰਨ ਵਾਧਾ ਕੀਤਾ।

ਇਹ ਡਾਕੂਮੈਂਟਰੀ ਸਿਰਫ਼ ਇੱਕ ਮਹਾਨ ਅਦਾਕਾਰ ਦੇ ਜੀਵਨ ਦੀ ਪੇਸ਼ਕਾਰੀ ਹੀ ਨਹੀਂ, ਸਗੋਂ ਉਸ ਸ਼ਖ਼ਸੀਅਤ ਦੀਆਂ ਸਾਹਿਤਕ, ਸੱਭਿਆਚਾਰਕ ਅਤੇ ਮਾਨਵੀ ਪ੍ਰਾਪਤੀਆਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਇੱਕ ਸੁਹਿਰਦ ਯਤਨ ਹੈ।

ਇਸ ਡਾਕੂਮੈਂਟਰੀ ਨੂੰ ਤਿਆਰ ਕਰਨ ਵਿੱਚ ਡਾ. ਹਰਜੀਤ ਸਿੰਘ ਦੀ ਸਿਰਜਣਾਤਮਕ ਭੂਮਿਕਾ ਰਹੀ, ਜਦਕਿ ਨਵਰੋਜ਼ ਗੁਰਬਾਜ਼ ਐਂਟਰਟੇਨਮੈਂਟ ਵੱਲੋਂ ਇਸ ਨੂੰ ਰਿਲੀਜ਼ ਕੀਤਾ ਗਿਆ। ਜੀਵੇ ਪੰਜਾਬ ਅਦਬੀ ਸੰਗਤ ਅਤੇ ਨਵਰੋਜ਼ ਗੁਰਬਾਜ਼ ਐਂਟਰਟੇਨਮੈਂਟ ਦੇ ਸਹਿਯੋਗ ਨਾਲ ਕਰਵਾਏ ਇਸ ਵਿਸ਼ੇਸ਼ ਪ੍ਰਦਰਸ਼ਨ ਦੇ ਪ੍ਰਬੰਧਾਂ ਵਿੱਚ ਭੁਪਿੰਦਰ ਸਿੰਘ ਮੱਲ੍ਹੀ ਅਤੇ ਲਵਪ੍ਰੀਤ ਸੰਧੂ (ਲੱਕੀ) ਨੇ ਅਹਿਮ ਭੂਮਿਕਾ ਨਿਭਾਈ। ਸਮਾਗਮ ਦੇ ਆਰੰਭ ਵਿੱਚ ਲਵਪ੍ਰੀਤ ਸੰਧੂ ਲੱਕੀ ਨੇ ਹਾਜ਼ਰ ਸ਼ਖ਼ਸੀਅਤਾਂ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਦੀ ਆਮਦ ਲਈ ਧੰਨਵਾਦ ਕੀਤਾ।

ਡਾਕੂਮੈਂਟਰੀ ਦੇ ਪ੍ਰਦਰਸ਼ਨ ਉਪਰੰਤ ਭੁਪਿੰਦਰ ਸਿੰਘ ਮੱਲ੍ਹੀ ਨੇ ਹਾਜ਼ਰ ਦਰਸ਼ਕਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸੱਭਿਆਚਾਰਕ ਅਤੇ ਸਾਹਿਤਕ ਉਪਰਾਲੇ ਲੋਕਾਂ ਦੇ ਸਹਿਯੋਗ ਅਤੇ ਉਤਸ਼ਾਹ ਨਾਲ ਹੀ ਸਫ਼ਲ ਹੁੰਦੇ ਹਨ। ਉਨ੍ਹਾਂ ਕਿਹਾ ਕਿ ਕਿਸੇ ਮਹਾਨ ਸ਼ਖ਼ਸੀਅਤ ਦੇ ਜੀਵਨ ਅਤੇ ਯੋਗਦਾਨ ਨੂੰ ਦਸਤਾਵੇਜ਼ੀ ਰੂਪ ਦੇਣਾ ਇੱਕ ਵੱਡੀ ਜ਼ਿੰਮੇਵਾਰੀ ਵਾਲਾ ਕੰਮ ਹੈ। ਇਸ ਲਈ ਕਾਫ਼ੀ ਖੋਜ, ਮਿਹਨਤ, ਸਮਾਂ ਅਤੇ ਸਮਰਪਣ ਦੀ ਲੋੜ ਹੁੰਦੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਇਸ ਲੜੀ ਨੂੰ ਅੱਗੇ ਵੀ ਜਾਰੀ ਰੱਖਣ ਦਾ ਯਤਨ ਕੀਤਾ ਜਾਵੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਪੰਜਾਬੀ ਦੇ ਪ੍ਰਸਿੱਧ ਕਵੀ ਧਨੀ ਰਾਮ ਚਾਤ੍ਰਿਕ, ਵਿਧਾਤਾ ਸਿੰਘ ਤੀਰ ਅਤੇ ਬਾਵਾ ਬਲਵੰਤ ਬਾਰੇ ਵੀ ਅਜਿਹੀਆਂ ਡਾਕੂਮੈਂਟਰੀਆਂ ਤਿਆਰ ਕਰਨ ਦੀ ਯੋਜਨਾ ਹੈ, ਤਾਂ ਜੋ ਪੰਜਾਬੀ ਸਾਹਿਤ ਅਤੇ ਸੱਭਿਆਚਾਰ ਦੀ ਅਣਮੋਲ ਵਿਰਾਸਤ ਨੂੰ ਦਸਤਾਵੇਜ਼ੀ ਰੂਪ ਵਿੱਚ ਸੰਭਾਲ ਕੇ ਦੁਨੀਆ ਭਰ ਦੇ ਪੰਜਾਬੀ ਪ੍ਰੇਮੀਆਂ ਤੱਕ ਪਹੁੰਚਾਇਆ ਜਾ ਸਕੇ।

ਇਸ ਮੌਕੇ ਹਾਜ਼ਰ ਦਰਸ਼ਕਾਂ ਨੇ ਡਾਕੂਮੈਂਟਰੀ ਬਾਰੇ ਆਪਣੇ ਵਿਚਾਰ ਸਾਂਝੇ ਕਰਦਿਆਂ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਦਰਸ਼ਕਾਂ ਦਾ ਮੰਨਣਾ ਸੀ ਕਿ ਬਲਰਾਜ ਸਾਹਨੀ ਵਰਗੀਆਂ ਬਹੁਪੱਖੀ ਸ਼ਖ਼ਸੀਅਤਾਂ ਦੇ ਜੀਵਨ ਅਤੇ ਯੋਗਦਾਨ ਨੂੰ ਅਜਿਹੇ ਦਸਤਾਵੇਜ਼ੀ ਯਤਨਾਂ ਰਾਹੀਂ ਸਾਹਮਣੇ ਲਿਆਉਣਾ ਸਮੇਂ ਦੀ ਅਹਿਮ ਲੋੜ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਹ ਸਮਾਗਮ ਬਲਰਾਜ ਸਾਹਨੀ ਨੂੰ ਯਾਦ ਕਰਨ ਦੇ ਨਾਲ-ਨਾਲ ਪੰਜਾਬੀ ਸਾਹਿਤ, ਕਲਾ ਅਤੇ ਸਿਨੇਮਾ ਦੀ ਵਿਰਾਸਤ ਨੂੰ ਸੰਭਾਲਣ ਅਤੇ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰਦਾ ਹੈ।

70ਵੀਆਂ ਪੰਜਾਬ ਰਾਜ ਅੰਤਰ-ਜ਼ਿਲ੍ਹਾ ਸਕੂਲ ਖੇਡਾਂ ਵਿੱਚ ਡੀ.ਸੀ.ਐਮ. ਸਕੂਲ ਦੇ ਖਿਡਾਰੀਆਂ ਨੇ ਕਰਵਾਈ ਬੱਲੇ-ਬੱਲੇ।

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਕੋਟਕਪੂਰਾ, 11 ਨਵੰਬਰ : 70ਵੀਆਂ ਪੰਜਾਬ ਰਾਜ ਅੰਤਰ-ਜ਼ਿਲ੍ਹਾ ਸਕੂਲ ਖੇਡਾਂ ਰੱਸਾਕਸ਼ੀ ਫਾਜ਼ਿਲਕਾ ਵਿਖੇ ਕਰਵਾਈਆਂ ਗਈਆਂ, ਜਿਸ ਵਿੱਚ ਡੀ.ਸੀ.ਐਮ. ਇੰਟਰਨੈਸ਼ਨਲ ਸਕੂਲ, ਕੋਟਕਪੂਰਾ ਦੇ ਹੋਣਹਾਰ ਖਿਡਾਰੀ, ਜਸਮੀਤ ਸਿੰਘ, ਨਵਨੂਰ ਸਿੰਘ ਢਿੱਲੋਂ ਕੈਪਟਨ, ਵਰੁਣ ਕੁਮਾਰ, ਮਹਿਕਦੀਪ ਸਿੰਘ ਮਾਨ, ਗੁਰਸ਼ਰਨ ਸਿੰਘ ਬਰਾੜ, ਅਰਸ਼ਦੀਪ ਸਿੰਘ, ਯੁਵਰਾਜ ਸਿੰਘ, ਮਨਪ੍ਰੀਤ ਸਿੰਘ ਸਿੱਧੂ, ਨੇ ਸ਼ਾਨਦਾਰ ਖੇਡ ਪ੍ਰਦਰਸ਼ਨ ਕਰਦਿਆਂ ਪੰਜਾਬ ਰਾਜ ਅੰਤਰੀ ਜਿਲ੍ਹਾ ਖੇਡਾਂ ਰੱਸਾਕਸ਼ੀ ਖੇਡ ਵਿੱਚੋ ਦੂਜਾ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ। ਖਿਡਾਰੀਆਂ ਨੇ ਆਪਣੀ ਅਣਥੱਕ ਮਿਹਨਤ, ਦ੍ਰਿੜ ਇਰਾਦੇ, ਅਨੁਸ਼ਾਸਨ ਅਤੇ ਬਿਹਤਰੀਨ ਖੇਡ ਕੌਸ਼ਲ ਦਾ ਲੋਹਾ ਮਨਵਾਉਂਦਿਆਂ ਪੰਜਾਬ ਪੱਧਰੀ ਮੁਕਾਬਲਿਆਂ ਵਿੱਚ ਜਿੱਤਾਂ ਦਰਜ ਕਰਕੇ ਮਾਣਮੱਤੀ ਪ੍ਰਾਪਤੀ ਹਾਸਲ ਕੀਤੀ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਮੀਨਾਕਸ਼ੀ ਸ਼ਰਮਾ ਨੇ ਜੇਤੂ ਖਿਡਾਰੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਹਾਰਦਿਕ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਇਹ ਸ਼ਾਨਦਾਰ ਸਫ਼ਲਤਾ ਉਨ੍ਹਾਂ ਦੀ ਲਗਨ, ਸਖ਼ਤ ਮਿਹਨਤ ਅਤੇ ਅਨੁਸ਼ਾਸਿਤ ਜੀਵਨ-ਸ਼ੈਲੀ ਦਾ ਨਤੀਜਾ ਹੈ। ਉਨਾਂ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ, ਆਤਮ-ਵਿਸ਼ਵਾਸ ਅਤੇ ਸ਼ਖ਼ਸੀਅਤ ਨਿਖਾਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਪ੍ਰਿੰਸੀਪਲ ਮੀਨਾਕਸ਼ੀ ਸ਼ਰਮਾ ਨੇ ਕੋਚ ਭੁਪਿੰਦਰ ਸਿੰਘ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਬੱਚਿਆਂ ਨੂੰ ਨਿਰੰਤਰ ਮਿਹਨਤ ਸਮਰਪਣ ਅਤੇ ਸੁਚੱਜੀ ਸਿਖਲਾਈ ਰਾਹੀਂ ਇਸ ਮੁਕਾਮ ਤੱਕ ਪਹੁੰਚਾਇਆ ਹੈ। ਉਨ੍ਹਾਂ ਦੀ ਯੋਗ ਅਗਵਾਈ ਅਤੇ ਦ੍ਰਿੜ੍ਹ ਪ੍ਰਤੀਬੱਧਤਾ ਸਦਕਾ ਹੀ ਖਿਡਾਰੀਆਂ ਨੇ ਪੰਜਾਬ ਪੱਧਰ 'ਤੇ ਸ਼ਾਨਦਾਰ ਪ੍ਰਾਪਤੀਆਂ ਕਰਕੇ ਸਕੂਲ ਦਾ ਮਾਣ ਵਧਾਇਆ ਹੈ। ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਜੇਤੂ ਖਿਡਾਰੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਅਤੇ ਲਗਨ ਨਾਲ ਨਵੀਆਂ ਬੁਲੰਦੀਆਂ ਸਰ ਕਰਨ ਲਈ ਪ੍ਰੇਰਿਤ ਕੀਤਾ ਗਿਆ। ਡੀ.ਸੀ.ਐਮ. ਸਕੂਲ ਪਰਿਵਾਰ ਨੇ ਜੇਤੂ ਖਿਡਾਰੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਪ੍ਰਾਪਤੀ ਸਮੁੱਚੇ ਸਕੂਲ ਲਈ ਮਾਣ ਅਤੇ ਖੁਸ਼ੀ ਦਾ ਵਿਸ਼ਾ ਹੈ।

ਧਰਨੇ ਲਾਕੇ ਲੋਕਾਂ ਨੂੰ ਪ੍ਰੇਸ਼ਾਨ ਕਰਨਾ ਬੰਦ ਕੀਤਾ ਜਾਵੇ, ਨਸ਼ਾ ਪੀੜਤਾਂ ਦੀ ਰਜਿਸਟ੍ਰੇਸ਼ਨ ਤੇ ਇਲਾਜ ਜ਼ਰੂਰੀ



ਵਰਲਡ ਪੰਜਾਬੀ ਟਾਈਮਜ਼
ਮੇਜਰ ਸਿੰਘ ਬੁਢਲਾਡਾ

ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਦਿਨੋ-ਦਿਨ ਗੰਭੀਰ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਨਸ਼ਿਆਂ ਕਾਰਨ ਨੌਜਵਾਨਾਂ ਦੀਆਂ ਜ਼ਿੰਦਗੀਆਂ ਤਬਾਹ ਹੋ ਰਹੀਆਂ ਹਨ, ਪਰਿਵਾਰ ਉੱਜੜ ਰਹੇ ਹਨ ਅਤੇ ਮਾਪੇ ਆਪਣੇ ਬੱਚਿਆਂ ਨੂੰ ਬਚਾਉਣ ਲਈ ਦਰ-ਦਰ ਭਟਕ ਰਹੇ ਹਨ। ਇਸ ਗੰਭੀਰ ਸਮੱਸਿਆ ਦਾ ਹੱਲ ਸਿਰਫ਼ ਸਰਕਾਰਾਂ ਨੂੰ ਕੋਸਣ, ਧਰਨੇ ਲਾਉਣ ਜਾਂ ਮੌਤਾਂ ਤੋਂ ਬਾਅਦ ਸੜਕਾਂ ’ਤੇ ਲਾਸ਼ਾਂ ਰੱਖ ਕੇ ਰੋਸ ਪ੍ਰਗਟਾਉਣ ਨਾਲ ਨਹੀਂ ਨਿਕਲ ਸਕਦਾ। ਇਸ ਲਈ ਇੱਕ ਅਜਿਹੀ ਵਿਵਸਥਾ ਦੀ ਲੋੜ ਹੈ ਜਿਸ ਵਿੱਚ ਸਰਕਾਰ, ਪਰਿਵਾਰ, ਸਮਾਜਿਕ ਜਥੇਬੰਦੀਆਂ ਅਤੇ ਆਮ ਲੋਕ ਆਪਣੀ-ਆਪਣੀ ਜ਼ਿੰਮੇਵਾਰੀ ਨਿਭਾਉਣ।

ਸਭ ਤੋਂ ਪਹਿਲਾਂ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਨਸ਼ੇ ਦੇ ਆਦੀ ਵਿਅਕਤੀਆਂ ਦੀ ਪਛਾਣ ਅਤੇ ਰਜਿਸਟ੍ਰੇਸ਼ਨ ਲਈ ਇੱਕ ਵਿਵਸਥਿਤ ਪ੍ਰਬੰਧ ਕਰੇ। ਹਰ ਪਿੰਡ ਅਤੇ ਸ਼ਹਿਰ ਵਿੱਚ ਅਜਿਹੇ ਵਿਅਕਤੀਆਂ ਦੀ ਗਿਣਤੀ, ਉਨ੍ਹਾਂ ਦੀ ਸਥਿਤੀ ਅਤੇ ਇਲਾਜ ਦੀ ਲੋੜ ਦਾ ਪਤਾ ਲੱਗਣਾ ਚਾਹੀਦਾ ਹੈ। ਇਹ ਰਜਿਸਟ੍ਰੇਸ਼ਨ ਗੁਪਤ ਅਤੇ ਸਨਮਾਨਜਨਕ ਢੰਗ ਨਾਲ ਹੋਵੇ, ਤਾਂ ਜੋ ਕਿਸੇ ਵਿਅਕਤੀ ਦੀ ਪਛਾਣ ਜਨਤਕ ਨਾ ਹੋਵੇ ਅਤੇ ਉਹ ਸਮਾਜਿਕ ਬਦਨਾਮੀ ਦੇ ਡਰ ਤੋਂ ਇਲਾਜ ਕਰਵਾਉਣ ਤੋਂ ਪਿੱਛੇ ਨਾ ਹਟੇ।

ਰਜਿਸਟ੍ਰੇਸ਼ਨ ਤੋਂ ਬਾਅਦ ਹਰ ਵਿਅਕਤੀ ਨੂੰ ਉਸ ਦੀ ਲੋੜ ਅਨੁਸਾਰ ਇਲਾਜ, ਦਵਾਈਆਂ, ਕਾਊਂਸਲਿੰਗ ਅਤੇ ਮੁੜ ਵਸੇਬੇ ਦੀ ਸਹੂਲਤ ਮਿਲਣੀ ਚਾਹੀਦੀ ਹੈ। ਸਿਰਫ਼ ਨਸ਼ਾ ਛੁਡਾਊ ਕੇਂਦਰ ਵਿੱਚ ਦਾਖ਼ਲ ਕਰਵਾ ਦੇਣਾ ਹੀ ਕਾਫ਼ੀ ਨਹੀਂ। ਇਲਾਜ ਤੋਂ ਬਾਅਦ ਉਸ ਨੂੰ ਪਰਿਵਾਰ ਨਾਲ ਜੋੜਨਾ, ਰੁਜ਼ਗਾਰ ਦੇ ਮੌਕੇ ਦੇਣਾ ਅਤੇ ਸਮਾਜ ਵਿੱਚ ਮੁੜ ਸਨਮਾਨ ਨਾਲ ਜਿਊਣ ਦੇ ਯੋਗ ਬਣਾਉਣਾ ਵੀ ਸਰਕਾਰ ਦੀ ਜ਼ਿੰਮੇਵਾਰੀ ਹੋਣੀ ਚਾਹੀਦੀ ਹੈ, ਉਥੇ ਸਮਾਜਿਕ ਸੰਸਥਾਵਾਂ ਵੀ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ।

ਮਾਪਿਆਂ ਅਤੇ ਜਥੇਬੰਦੀਆਂ ਦੀ ਜ਼ਿੰਮੇਵਾਰੀ ਵੀ ਤੈਅ ਹੋਵੇ, ਇਸ ਮਾਮਲੇ ਵਿੱਚ ਸਿਰਫ਼ ਸਰਕਾਰ ਨੂੰ ਹੀ ਜਵਾਬਦੇਹ ਨਹੀਂ ਬਣਾਇਆ ਜਾ ਸਕਦਾ। ਮਾਪਿਆਂ ਅਤੇ ਪਰਿਵਾਰਾਂ ਦੀ ਵੀ ਵੱਡੀ ਜ਼ਿੰਮੇਵਾਰੀ ਹੈ। ਜਿਹੜੇ ਮਾਪੇ ਆਪਣੇ ਬੱਚਿਆਂ ਨੂੰ ਨਸ਼ਿਆਂ ਵਿੱਚ ਫਸਦਾ ਦੇਖਦੇ ਹਨ, ਪਰ ਸਮੇਂ ਸਿਰ ਉਨ੍ਹਾਂ ਦੇ ਇਲਾਜ ਅਤੇ ਸੁਧਾਰ ਲਈ ਕੋਈ ਯਤਨ ਨਹੀਂ ਕਰਦੇ, ਉਨ੍ਹਾਂ ਨੂੰ ਵੀ ਆਪਣੀ ਜ਼ਿੰਮੇਵਾਰੀ ਸਮਝਣੀ ਚਾਹੀਦੀ ਹੈ। ਕਈ ਵਾਰ ਪਰਿਵਾਰ ਸਮਾਜਿਕ ਬਦਨਾਮੀ ਦੇ ਡਰੋਂ ਨਸ਼ੇ ਦੀ ਸਮੱਸਿਆ ਨੂੰ ਲੁਕਾਉਂਦੇ ਰਹਿੰਦੇ ਹਨ। ਇਸ ਨਾਲ ਸਮੱਸਿਆ ਹੋਰ ਗੰਭੀਰ ਹੋ ਜਾਂਦੀ ਹੈ।

ਇਸੇ ਤਰ੍ਹਾਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਕੰਮ ਕਰ ਰਹੀਆਂ ਧਾਰਮਿਕ, ਸਮਾਜਿਕ ਅਤੇ ਹੋਰ ਜਥੇਬੰਦੀਆਂ, ਯੂਥ ਕਲੱਬਾਂ, ਖੇਡ ਕਲੱਬਾਂ ਅਤੇ ਸਭਾਵਾਂ ਨੂੰ ਵੀ ਆਪਣੀ ਭੂਮਿਕਾ ਨਿਭਾਉਣੀ ਚਾਹੀਦੀ ਹੈ। ਜੇਕਰ ਕੋਈ ਜਥੇਬੰਦੀ ਨਸ਼ਿਆਂ ਵਿਰੁੱਧ ਕੰਮ ਕਰਨ ਦਾ ਦਾਅਵਾ ਕਰਦੀ ਹੈ ਤਾਂ ਉਸ ਦਾ ਪਹਿਲਾ ਫ਼ਰਜ਼ ਨਸ਼ੇ ਵਿੱਚ ਫਸੇ ਨੌਜਵਾਨਾਂ ਦੀ ਜ਼ਿੰਦਗੀ ਬਚਾਉਣਾ ਹੋਣਾ ਚਾਹੀਦਾ ਹੈ। ਸਿਰਫ਼ ਮੀਟਿੰਗਾਂ, ਬਿਆਨਾਂ ਅਤੇ ਰੋਸ ਪ੍ਰਦਰਸ਼ਨਾਂ ਤੱਕ ਸੀਮਤ ਰਹਿਣ ਦੀ ਬਜਾਏ ਨਸ਼ੇ ਦੇ ਆਦੀ ਵਿਅਕਤੀਆਂ ਨੂੰ ਇਲਾਜ ਤੱਕ ਪਹੁੰਚਾਉਣ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਮਦਦ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।

ਮੌਤ ਤੋਂ ਬਾਅਦ ਲਾਸ਼ਾਂ ’ਤੇ ਸਿਆਸਤ ਕਿਉਂ?

ਇੱਕ ਹੋਰ ਗੰਭੀਰ ਸਵਾਲ ਸਾਡੇ ਸਮਾਜ ਸਾਹਮਣੇ ਹੈ। ਜਦੋਂ ਕੋਈ ਨੌਜਵਾਨ ਨਸ਼ਿਆਂ ਕਾਰਨ ਆਪਣੀ ਜਾਨ ਗੁਆ ਬੈਠਦਾ ਹੈ ਤਾਂ ਉਸ ਦੀ ਲਾਸ਼ ਸੜਕ ’ਤੇ ਰੱਖ ਕੇ ਆਵਾਜਾਈ ਰੋਕਣ ਅਤੇ ਆਮ ਲੋਕਾਂ ਨੂੰ ਪ੍ਰੇਸ਼ਾਨ ਕਰਨ ਦਾ ਰੁਝਾਨ ਵਧ ਰਿਹਾ ਹੈ। ਮੌਤ ਬੇਹੱਦ ਦੁਖਦਾਈ ਹੁੰਦੀ ਹੈ। ਪਰਿਵਾਰ ਦਾ ਦਰਦ ਆਪਣੀ ਥਾਂ ਹੈ ਅਤੇ ਉਸ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਜੇਕਰ ਮੌਤ ਦੇ ਪਿੱਛੇ ਨਸ਼ਾ ਤਸਕਰੀ, ਪੁਲਿਸ ਦੀ ਲਾਪਰਵਾਹੀ ਜਾਂ ਪ੍ਰਸ਼ਾਸਨ ਦੀ ਕੋਈ ਨਾਕਾਮੀ ਹੈ ਤਾਂ ਉਸ ਦੀ ਨਿਰਪੱਖ ਜਾਂਚ ਅਤੇ ਜਵਾਬਦੇਹੀ ਜ਼ਰੂਰ ਹੋਣੀ ਚਾਹੀਦੀ ਹੈ।

ਪਰ ਸਵਾਲ ਇਹ ਹੈ ਕਿ ਜਿਹੜੇ ਮਾਪੇ, ਪਰਿਵਾਰ ਜਾਂ ਜਥੇਬੰਦੀਆਂ ਕਿਸੇ ਨੌਜਵਾਨ ਦੇ ਨਸ਼ਿਆਂ ਵਿੱਚ ਫਸੇ ਹੋਣ ਸਮੇਂ ਉਸ ਦੀ ਸਾਰ ਲੈਣ, ਇਲਾਜ ਕਰਵਾਉਣ ਜਾਂ ਉਸ ਨੂੰ ਬਚਾਉਣ ਲਈ ਅੱਗੇ ਨਹੀਂ ਆਉਂਦੇ, ਕੀ ਉਹ ਮੌਤ ਤੋਂ ਬਾਅਦ ਉਸ ਦੀ ਲਾਸ਼ ਸੜਕ ’ਤੇ ਰੱਖ ਕੇ ਆਮ ਲੋਕਾਂ ਨੂੰ ਪ੍ਰੇਸ਼ਾਨ ਕਰਨ ਨੂੰ ਆਪਣਾ ਹੱਕ ਸਮਝ ਸਕਦੇ ਹਨ? ਕੀ ਕਿਸੇ ਦੀ ਮੌਤ ਦੇ ਦੁੱਖ ਨੂੰ ਜਨਤਕ ਆਵਾਜਾਈ ਰੋਕਣ ਦਾ ਜਾਇਜ਼ ਕਾਰਨ ਬਣਾਇਆ ਜਾ ਸਕਦਾ ਹੈ?

ਰੋਸ ਪ੍ਰਗਟਾਉਣਾ ਅਤੇ ਇਨਸਾਫ਼ ਦੀ ਮੰਗ ਕਰਨਾ ਹਰ ਨਾਗਰਿਕ ਦਾ ਹੱਕ ਹੈ, ਪਰ ਇਸ ਹੱਕ ਦੀ ਵਰਤੋਂ ਦੂਜਿਆਂ ਦੇ ਹੱਕਾਂ ਅਤੇ ਜਨਤਕ ਜੀਵਨ ਨੂੰ ਠੱਪ ਕਰਕੇ ਨਹੀਂ ਹੋਣੀ ਚਾਹੀਦੀ। ਸੜਕਾਂ ’ਤੇ ਫਸੇ ਮਰੀਜ਼ਾਂ, ਬੱਚਿਆਂ, ਮੁਲਾਜ਼ਮਾਂ ਅਤੇ ਹੋਰ ਆਮ ਲੋਕਾਂ ਦੀ ਵੀ ਆਪਣੀ ਮਜਬੂਰੀ ਹੁੰਦੀ ਹੈ।

ਸਰਕਾਰ ਨੂੰ ਇਸ ਸਬੰਧੀ ਸਪੱਸ਼ਟ ਕਾਨੂੰਨੀ ਨੀਤੀ ਬਣਾਉਣੀ ਚਾਹੀਦੀ ਹੈ। ਐਸੇ ਕੇਸਾਂ ਵਿੱਚ ਜੇਕਰ ਕੋਈ ਵਿਅਕਤੀ ਜਾਂ ਜਥੇਬੰਦੀ ਕਾਨੂੰਨ ਦੀ ਉਲੰਘਣਾ ਕਰਕੇ ਜਨਤਕ ਆਵਾਜਾਈ ਰੋਕਦੀ ਹੈ ਤਾਂ ਉਸ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਗੰਭੀਰ ਮਾਮਲਿਆਂ ਵਿੱਚ ਸਖ਼ਤ ਅਤੇ ਗੈਰ-ਜ਼ਮਾਨਤੀ ਧਾਰਾਵਾਂ ਲਾਗੂ ਕਰਨ ਦੀ ਸੰਭਾਵਨਾ ਬਾਰੇ ਵੀ ਕਾਨੂੰਨੀ ਮਾਹਿਰਾਂ ਦੀ ਸਲਾਹ ਨਾਲ ਨੀਤੀ ਬਣਾਈ ਜਾ ਸਕਦੀ ਹੈ। ਪਰ ਅਜਿਹੀ ਕਾਰਵਾਈ ਸਬੂਤਾਂ, ਕਾਨੂੰਨੀ ਪ੍ਰਕਿਰਿਆ ਅਤੇ ਹਰੇਕ ਮਾਮਲੇ ਦੀ ਗੰਭੀਰਤਾ ਦੇ ਆਧਾਰ ’ਤੇ ਹੋਵੇ, ਨਾ ਕਿ ਹਰ ਰੋਸ ਪ੍ਰਦਰਸ਼ਨ ਕਰਨ ਵਾਲੇ ਨੂੰ ਇੱਕੋ ਨਜ਼ਰ ਨਾਲ ਦੇਖਿਆ ਜਾਵੇ।

ਇੱਥੇ ਇੱਕ ਹੋਰ ਗੱਲ ਵੀ ਸਮਝਣ ਦੀ ਲੋੜ ਹੈ। ਨਸ਼ੇ ਦਾ ਆਦੀ ਵਿਅਕਤੀ ਅਤੇ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਾ ਤਸਕਰ ਇੱਕੋ ਜਿਹੇ ਨਹੀਂ ਹਨ। ਨਸ਼ੇ ਦੇ ਆਦੀ ਵਿਅਕਤੀ ਨੂੰ ਇਲਾਜ ਅਤੇ ਸਹਾਰੇ ਦੀ ਲੋੜ ਹੈ, ਜਦਕਿ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਅਤੇ ਨੌਜਵਾਨਾਂ ਦੀਆਂ ਜ਼ਿੰਦਗੀਆਂ ਤਬਾਹ ਕਰਨ ਵਾਲੇ ਤਸਕਰਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ।

ਸਰਕਾਰ ਦੀ ਮੁਹਿੰਮ ਨੂੰ ਸਿਆਸਤ ਤੋਂ ਉੱਪਰ ਉੱਠ ਕੇ ਸਹਿਯੋਗ ਮਿਲੇ


ਨਸ਼ਿਆਂ ਵਿਰੁੱਧ ਲੜਾਈ ਕਿਸੇ ਇੱਕ ਪਾਰਟੀ ਜਾਂ ਸਰਕਾਰ ਦੀ ਲੜਾਈ ਨਹੀਂ ਹੈ। ਜੇਕਰ ਸਰਕਾਰ ਕੋਈ ਚੰਗਾ ਕਦਮ ਚੁੱਕਦੀ ਹੈ ਤਾਂ ਉਸ ਦਾ ਸਹਿਯੋਗ ਕਰਨਾ ਚਾਹੀਦਾ ਹੈ ਅਤੇ ਜੇਕਰ ਕਿਤੇ ਕਮੀ ਰਹਿ ਜਾਂਦੀ ਹੈ ਤਾਂ ਉਸ ਬਾਰੇ ਸਬੂਤਾਂ ਸਮੇਤ ਸਵਾਲ ਵੀ ਉਠਾਉਣੇ ਚਾਹੀਦੇ ਹਨ। ਪਰ ਹਰ ਸਰਕਾਰੀ ਯਤਨ ਨੂੰ ਸਿਰਫ਼ ਸਿਆਸੀ ਵਿਰੋਧ ਦੇ ਚਸ਼ਮੇ ਨਾਲ ਦੇਖਣਾ ਪੰਜਾਬ ਦੇ ਹਿੱਤ ਵਿੱਚ ਨਹੀਂ।

ਪਿੰਡਾਂ ਦੀਆਂ ਪੰਚਾਇਤਾਂ, ਸ਼ਹਿਰਾਂ ਦੀਆਂ ਸਮਾਜਿਕ ਸੰਸਥਾਵਾਂ, ਗੁਰਦੁਆਰਾ ਕਮੇਟੀਆਂ, ਮੰਦਰ ਕਮੇਟੀਆਂ, ਡੇਰਿਆਂ, ਹੋਰ ਧਾਰਮਿਕ ਸੰਸਥਾਵਾਂ, ਯੂਥ ਕਲੱਬਾਂ, ਖੇਡ ਕਲੱਬਾਂ ਅਤੇ ਵੱਖ-ਵੱਖ ਸਭਾਵਾਂ ਨੂੰ ਇਸ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ। ਹਰ ਸੰਸਥਾ ਆਪਣੇ ਇਲਾਕੇ ਵਿੱਚ ਨਸ਼ਿਆਂ ਦੇ ਆਦੀ ਵਿਅਕਤੀਆਂ ਦੀ ਪਛਾਣ ਅਤੇ ਰਜਿਸਟ੍ਰੇਸ਼ਨ ਲਈ ਸਰਕਾਰ ਦਾ ਸਹਿਯੋਗ ਕਰੇ। ਪ੍ਰਭਾਵਿਤ ਪਰਿਵਾਰਾਂ ਨੂੰ ਇਲਾਜ ਦੀਆਂ ਸਹੂਲਤਾਂ ਬਾਰੇ ਜਾਣਕਾਰੀ ਦੇਵੇ ਅਤੇ ਨੌਜਵਾਨਾਂ ਨੂੰ ਖੇਡਾਂ, ਸਿੱਖਿਆ, ਰੁਜ਼ਗਾਰ ਅਤੇ ਸਿਹਤਮੰਦ ਗਤੀਵਿਧੀਆਂ ਨਾਲ ਜੋੜੇ।

ਸਰਕਾਰ ਨੂੰ ਵੀ ਇਨ੍ਹਾਂ ਸੰਸਥਾਵਾਂ ਨੂੰ ਸਿਰਫ਼ ਅਪੀਲਾਂ ਕਰਨ ਦੀ ਬਜਾਏ ਉਨ੍ਹਾਂ ਨਾਲ ਮਿਲ ਕੇ ਕੰਮ ਕਰਨ ਲਈ ਇੱਕ ਪੱਕਾ ਤਾਲਮੇਲ ਪ੍ਰਬੰਧ ਬਣਾਉਣਾ ਚਾਹੀਦਾ ਹੈ। ਪਿੰਡ ਅਤੇ ਵਾਰਡ ਪੱਧਰ ’ਤੇ ਪਾਰਟੀ ਪੱਧਰ ਤੋਂ ਉੱਪਰ ਉੱਠ ਕੇ ਨਸ਼ਾ ਰੋਕਥਾਮ ਕਮੇਟੀਆਂ ਬਣਾਈਆਂ ਜਾ ਸਕਦੀਆਂ ਹਨ, ਜਿਨ੍ਹਾਂ ਵਿੱਚ ਸਿਹਤ ਕਰਮਚਾਰੀ, ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ ਅਤੇ ਨੌਜਵਾਨ ਸ਼ਾਮਲ ਹੋਣ। ਇਨ੍ਹਾਂ ਕਮੇਟੀਆਂ ਦਾ ਕੰਮ ਕਿਸੇ ਨੂੰ ਬਦਨਾਮ ਕਰਨਾ ਜਾਂ ਉਸ ਦੀ ਪਛਾਣ ਜਨਤਕ ਕਰਨਾ ਨਹੀਂ, ਸਗੋਂ ਉਸ ਨੂੰ ਸੁਰੱਖਿਅਤ ਢੰਗ ਨਾਲ ਇਲਾਜ ਤੱਕ ਪਹੁੰਚਾਉਣਾ ਹੋਵੇ।

ਮਾਨਸਾ ਝੋਟੇ ਵਾਲੇ ਕੇਸ ਤੋਂ ਬਹੁਤਿਆਂ ਨੂੰ ਇੰਝ ਲਗਦਾ ਜਿਵੇਂ ਪੰਜਾਬ ਵਿੱਚ ਨਸ਼ਾ ਪਹਿਲਾਂ ਨਾਲੋਂ ਜ਼ਿਆਦਾ ਵਧ ਗਿਆ ਹੋਵੇ।

ਪਰ ਜਦ ਅਸੀਂ ਮੌਜੂਦਾ ਕੇਂਦਰ ਸਰਕਾਰ ਦੀਆਂ ਰਿਪੋਰਟਾਂ ਵੇਖਦੇ ਹਾਂ, ਤਾਂ ਪਤਾ ਲਗਦਾ ਹੈ ਪੰਜਾਬ ਵਿੱਚ ਵੱਡੇ ਪੱਧਰ ਨਸ਼ਾ ਘਟ ਹੋਇਆ ਹੈ।



ਹੁਣ ਇਸ ਸਾਰੇ ਮਾਮਲੇ ਵਿੱਚ ਕੇਂਦਰ ਸਰਕਾਰ ਦੀਆਂ ਰਿਪੋਰਟਾਂ ਅਤੇ ਅਖ਼ਬਾਰਾਂ ਵਿੱਚ ਪ੍ਰਕਾਸ਼ਿਤ ਖ਼ਬਰਾਂ ਵੱਲ ਵੀ ਧਿਆਨ ਦੇਣਾ ਜ਼ਰੂਰੀ ਹੈ। 26 ਜੂਨ 2020 ਨੂੰ ਕੇਂਦਰੀ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰਾਲੇ ਵੱਲੋਂ ‘ਨਸ਼ਾ ਮੁਕਤ ਭਾਰਤ: ਸਾਲਾਨਾ ਕਾਰਜ ਯੋਜਨਾ 2020-21’ ਜਾਰੀ ਕੀਤੀ ਗਈ ਸੀ। ਇਸ ਯੋਜਨਾ ਤਹਿਤ ਦੇਸ਼ ਦੇ 272 ਸਭ ਤੋਂ ਵੱਧ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਕਾਰਵਾਈ ਕਰਨ ਦੀ ਗੱਲ ਕੀਤੀ ਗਈ ਸੀ। ਉਸ ਸਮੇਂ ਪੰਜਾਬ ਦੇ 22 ਜ਼ਿਲ੍ਹਿਆਂ ਵਿੱਚੋਂ 18 ਜ਼ਿਲ੍ਹੇ ਇਸ ਸੂਚੀ ਵਿੱਚ ਸ਼ਾਮਲ ਸਨ।

ਇਨ੍ਹਾਂ ਜ਼ਿਲ੍ਹਿਆਂ ਵਿੱਚ ਫ਼ਰੀਦਕੋਟ, ਜਲੰਧਰ, ਅੰਮ੍ਰਿਤਸਰ, ਬਠਿੰਡਾ, ਫ਼ਿਰੋਜ਼ਪੁਰ, ਫ਼ਾਜ਼ਿਲਕਾ, ਗੁਰਦਾਸਪੁਰ, ਕਪੂਰਥਲਾ, ਲੁਧਿਆਣਾ, ਮਾਨਸਾ, ਮੋਗਾ, ਪਠਾਨਕੋਟ, ਸੰਗਰੂਰ, ਪਟਿਆਲਾ, ਸ੍ਰੀ ਮੁਕਤਸਰ ਸਾਹਿਬ, ਸ਼ਹੀਦ ਭਗਤ ਸਿੰਘ ਨਗਰ, ਤਰਨਤਾਰਨ ਅਤੇ ਹੁਸ਼ਿਆਰਪੁਰ ਸ਼ਾਮਲ ਸਨ।

ਇਸ ਤੱਥ ਬਾਰੇ ਸਿਰਫ਼ ਕੇਂਦਰ ਸਰਕਾਰ ਦਾ PIB ਦਸਤਾਵੇਜ਼ ਹੀ ਮੌਜੂਦ ਨਹੀਂ ਸੀ, ਸਗੋਂ ਉਸ ਸਮੇਂ ਦੇਸ਼ ਦੇ ਤਿੰਨ ਪ੍ਰਮੁੱਖ ਅਖ਼ਬਾਰਾਂ—‘ਦਿ ਟ੍ਰਿਬਿਊਨ’, ‘ਹਿੰਦੁਸਤਾਨ ਟਾਈਮਜ਼’ ਅਤੇ ‘ਦਿ ਇੰਡੀਅਨ ਐਕਸਪ੍ਰੈੱਸ’—ਨੇ ਵੀ ਪੰਜਾਬ ਦੇ 18 ਜ਼ਿਲ੍ਹਿਆਂ ਦਾ ਜ਼ਿਕਰ ਕਰਦਿਆਂ ਖ਼ਬਰਾਂ ਪ੍ਰਕਾਸ਼ਿਤ ਕੀਤੀਆਂ ਸਨ। ਇਸ ਲਈ ਇਹ ਗੱਲ ਉਸ ਸਮੇਂ ਦੇ ਸਰਕਾਰੀ ਰਿਕਾਰਡ ਅਤੇ ਪ੍ਰਿੰਟ ਮੀਡੀਆ ਦੋਵਾਂ ਵਿੱਚ ਦਰਜ ਹੈ।

ਇਸ ਤੋਂ ਬਾਅਦ 17 ਸਤੰਬਰ 2026 ਨੂੰ ‘ਦਿ ਟ੍ਰਿਬਿਊਨ’ ਵਿੱਚ ਪ੍ਰਕਾਸ਼ਿਤ ਖ਼ਬਰ ਅਨੁਸਾਰ ਕੇਂਦਰ ਸਰਕਾਰ ਦੇ ਨਵੇਂ ਨਸ਼ਾ ਵਿਰੋਧੀ ਰੋਡਮੈਪ ਤਹਿਤ ਪੰਜਾਬ ਦੇ ਛੇ ਜ਼ਿਲ੍ਹਿਆਂ—ਅੰਮ੍ਰਿਤਸਰ, ਗੁਰਦਾਸਪੁਰ, ਤਰਨਤਾਰਨ, ਫ਼ਿਰੋਜ਼ਪੁਰ, ਫ਼ਾਜ਼ਿਲਕਾ ਅਤੇ ਲੁਧਿਆਣਾ—ਨੂੰ ਦੇਸ਼ ਦੇ 73 ‘ਅਤਿ ਸੰਵੇਦਨਸ਼ੀਲ’ ਜ਼ਿਲ੍ਹਿਆਂ ਵਿੱਚ ਸ਼ਾਮਲ ਕੀਤਾ ਗਿਆ ਹੈ।

ਇੱਥੇ ਇੱਕ ਮਹੱਤਵਪੂਰਨ ਗੱਲ ਸਮਝਣ ਦੀ ਲੋੜ ਹੈ। 2020 ਦੀ ਸੂਚੀ ਵਿੱਚ ‘ਸਭ ਤੋਂ ਵੱਧ ਪ੍ਰਭਾਵਿਤ ਜ਼ਿਲ੍ਹਿਆਂ’ ਦਾ ਜ਼ਿਕਰ ਸੀ, ਜਦਕਿ 2026 ਦੀ ਰਿਪੋਰਟ ਵਿੱਚ ‘ਅਤਿ ਸੰਵੇਦਨਸ਼ੀਲ’ ਜ਼ਿਲ੍ਹਿਆਂ ਦੀ ਸ਼੍ਰੇਣੀ ਹੈ। ਦੋਵਾਂ ਸੂਚੀਆਂ ਦੇ ਮਾਪਦੰਡ ਇੱਕੋ ਜਿਹੇ ਹੋਣ ਦੀ ਪੁਸ਼ਟੀ ਤੋਂ ਬਿਨਾਂ ਇਨ੍ਹਾਂ ਦੀ ਸਿੱਧੀ ਤੁਲਨਾ ਨਹੀਂ ਕੀਤੀ ਜਾ ਸਕਦੀ। ਫਿਰ ਵੀ 18 ਤੋਂ ਛੇ ਜ਼ਿਲ੍ਹਿਆਂ ਤੱਕ ਆਏ ਇਸ ਅੰਤਰ ਬਾਰੇ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੋਵਾਂ ਨੂੰ ਸਪੱਸ਼ਟ ਜਾਣਕਾਰੀ ਦੇਣੀ ਚਾਹੀਦੀ ਹੈ।

ਜੇਕਰ ਨਵੀਂ ਸੂਚੀ ਵਿੱਚ ਜ਼ਿਲ੍ਹਿਆਂ ਦੀ ਗਿਣਤੀ ਘਟੀ ਹੈ ਤਾਂ ਇਸ ਦੇ ਕਾਰਨ ਅਤੇ ਆਧਾਰ ਲੋਕਾਂ ਸਾਹਮਣੇ ਰੱਖੇ ਜਾਣ। ਕੀ ਨਸ਼ਿਆਂ ਦੀ ਸਮੱਸਿਆ ਵਿੱਚ ਕਮੀ ਆਈ ਹੈ? ਕੀ ਨਸ਼ਿਆਂ ਦੀ ਸਪਲਾਈ ਦੇ ਰਸਤੇ ਬਦਲੇ ਹਨ?

ਕੀ ਸਰਵੇਖਣ ਦੇ ਮਾਪਦੰਡ ਬਦਲੇ ਹਨ? ਇਨ੍ਹਾਂ ਸਵਾਲਾਂ ਦੇ ਜਵਾਬ ਜਨਤਕ ਹੋਣੇ ਚਾਹੀਦੇ ਹਨ। ਜੇਕਰ ਹਾਲਾਤ ਵਿੱਚ ਸੁਧਾਰ ਹੋਇਆ ਹੈ ਤਾਂ ਇਹ ਸਵਾਗਤਯੋਗ ਗੱਲ ਹੈ ਅਤੇ ਇਸ ਦਾ ਸਿਹਰਾ ਕਿਸੇ ਇੱਕ ਸਰਕਾਰ ਨੂੰ ਦੇਣ ਦੀ ਬਜਾਏ ਸਾਰੇ ਸਾਂਝੇ ਯਤਨਾਂ ਨੂੰ ਮਿਲਣਾ ਚਾਹੀਦਾ ਹੈ। ਪਰ ਜੇਕਰ ਕਿਸੇ ਇਲਾਕੇ ਵਿੱਚ ਨਸ਼ਿਆਂ ਦੀ ਸਮੱਸਿਆ ਅਜੇ ਵੀ ਗੰਭੀਰ ਹੈ ਤਾਂ ਉਸ ਨੂੰ ਵੀ ਲੁਕਾਇਆ ਨਹੀਂ ਜਾਣਾ ਚਾਹੀਦਾ।

ਹੁਣ ਲੋਕਾਂ ਨੂੰ ਇਮਾਨਦਾਰੀ ਨਾਲ ਕੇਂਦਰ ਦੀਆਂ ਰਿਪੋਰਟਾਂ ਤੇ ਆਧਾਰਿਤ ਆਪਣੀ ਗੱਲ ਕਰਨੀ ਚਾਹੀਦੀ ਹੈ ਅਤੇ ਲੋਕਾਂ ਵਿੱਚ ਸੱਚ ਬਿਆਨ ਕਰਨਾ ਚਾਹੀਦਾ ਹੈ।

ਨਸ਼ਿਆਂ ਦੇ ਮੁੱਦੇ ’ਤੇ ਕੇਂਦਰ ਅਤੇ ਪੰਜਾਬ ਸਰਕਾਰ ਵਿਚਕਾਰ ਦੋਸ਼ਾਂ ਦੀ ਜੰਗ ਚੱਲਦੀ ਰਹਿਣ ਨਾਲ ਨਸ਼ੇ ਦੇ ਆਦੀ ਨੌਜਵਾਨਾਂ ਦੀਆਂ ਜ਼ਿੰਦਗੀਆਂ ਨਹੀਂ ਬਚਣੀਆਂ। ਕੇਂਦਰ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਸਰਹੱਦ ਪਾਰੋਂ ਆਉਣ ਵਾਲੇ ਨਸ਼ਿਆਂ ਦੀ ਸਪਲਾਈ ਰੋਕਣ, ਵੱਡੇ ਤਸਕਰਾਂ ਅਤੇ ਉਨ੍ਹਾਂ ਦੇ ਨੈੱਟਵਰਕ ਨੂੰ ਤੋੜਨ ਲਈ ਪ੍ਰਭਾਵਸ਼ਾਲੀ ਕਾਰਵਾਈ ਕਰੇ। ਪੰਜਾਬ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਸੂਬੇ ਅੰਦਰ ਨਸ਼ਿਆਂ ਦੀ ਵਿਕਰੀ ਰੋਕੇ, ਪੁਲਿਸ ਅਤੇ ਸਿਹਤ ਵਿਭਾਗ ਨੂੰ ਜਵਾਬਦੇਹ ਬਣਾਏ ਅਤੇ ਨਸ਼ੇ ਦੇ ਆਦੀ ਵਿਅਕਤੀਆਂ ਲਈ ਇਲਾਜ ਤੇ ਮੁੜ ਵਸੇਬੇ ਦੀਆਂ ਸਹੂਲਤਾਂ ਵਧਾਏ।

ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਨੌਜਵਾਨਾਂ ਨੂੰ ਬਚਾਉਣ ਲਈ ਅੱਗੇ ਆਉਣ। ਮਾਪਿਆਂ ਦੀ ਜ਼ਿੰਮੇਵਾਰੀ ਹੈ ਕਿ ਉਹ ਆਪਣੇ ਬੱਚਿਆਂ ਦੀ ਸਮੱਸਿਆ ਨੂੰ ਲੁਕਾਉਣ ਦੀ ਬਜਾਏ ਸਮੇਂ ਸਿਰ ਮਦਦ ਲੈਣ। ਆਮ ਲੋਕਾਂ ਦੀ ਜ਼ਿੰਮੇਵਾਰੀ ਹੈ ਕਿ ਨਸ਼ਿਆਂ ਦੇ ਕਾਰੋਬਾਰ ਬਾਰੇ ਭਰੋਸੇਯੋਗ ਜਾਣਕਾਰੀ ਸਬੰਧਤ ਅਧਿਕਾਰੀਆਂ ਤੱਕ ਪਹੁੰਚਾਉਣ। ਪਰ ਇਹ ਸਾਰਾ ਕੰਮ ਅਜਿਹੇ ਢੰਗ ਨਾਲ ਹੋਵੇ ਕਿ ਨਸ਼ੇ ਦੇ ਆਦੀ ਵਿਅਕਤੀ ਦੀ ਇੱਜ਼ਤ ਅਤੇ ਨਿੱਜਤਾ ਸੁਰੱਖਿਅਤ ਰਹੇ।

ਪੰਜਾਬ ਸਰਕਾਰ ਨੂੰ ਨਸ਼ਾ ਛੁਡਾਊ ਇਲਾਜ, ਦਵਾਈਆਂ, ਮਨੋਵਿਗਿਆਨਕ ਸਲਾਹ ਅਤੇ ਮੁੜ ਵਸੇਬੇ ਲਈ ਵਿਸ਼ੇਸ਼ ਫੰਡ ਰੱਖਣਾ ਚਾਹੀਦਾ ਹੈ। ਸਿਹਤ ਕਾਰਡਾਂ ਰਾਹੀਂ ਇਲਾਜ ਦੀ ਸਹੂਲਤ ਦੇਣ ਜਾਂ ਇਸ ਮਕਸਦ ਲਈ ਵੱਖਰੀ ਯੋਜਨਾ ਬਣਾਉਣ ਬਾਰੇ ਵੀ ਵਿਚਾਰ ਹੋਣਾ ਚਾਹੀਦਾ ਹੈ, ਤਾਂ ਜੋ ਗਰੀਬ ਪਰਿਵਾਰ ਪੈਸੇ ਦੀ ਘਾਟ ਕਾਰਨ ਆਪਣੇ ਬੱਚਿਆਂ ਦਾ ਇਲਾਜ ਕਰਵਾਉਣ ਤੋਂ ਵਾਂਝੇ ਨਾ ਰਹਿਣ।

ਅੰਤ ਵਿੱਚ ਗੱਲ ਸਿਰਫ਼ ਇੰਨੀ ਹੈ ਕਿ ਨਸ਼ੇ ਦੇ ਆਦੀ ਵਿਅਕਤੀ ਦੀ ਜ਼ਿੰਦਗੀ ਬਚਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ, ਉਸ ਦੇ ਪਰਿਵਾਰ ਨੂੰ ਸਹਾਰਾ ਦੇਣਾ ਸਮਾਜ ਦਾ ਫ਼ਰਜ਼ ਹੈ ਅਤੇ ਨਸ਼ਿਆਂ ਦੀ ਤਸਕਰੀ ਕਰਨ ਵਾਲਿਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਖੜ੍ਹਾ ਕਰਨਾ ਪ੍ਰਸ਼ਾਸਨ ਦਾ ਕੰਮ ਹੈ। ਜਿਹੜੀਆਂ ਜਥੇਬੰਦੀਆਂ ਨਸ਼ਿਆਂ ਵਿਰੁੱਧ ਸੰਘਰਸ਼ ਕਰਨ ਦਾ ਦਾਅਵਾ ਕਰਦੀਆਂ ਹਨ, ਉਨ੍ਹਾਂ ਨੂੰ ਵੀ ਮੌਤ ਤੋਂ ਬਾਅਦ ਰੋਸ ਪ੍ਰਦਰਸ਼ਨ ਕਰਨ ਦੀ ਬਜਾਏ ਜਿਊਂਦੇ ਨੌਜਵਾਨਾਂ ਨੂੰ ਬਚਾਉਣ ਲਈ ਆਪਣੀ ਤਾਕਤ ਲਾਉਣੀ ਚਾਹੀਦੀ ਹੈ।

ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਸੜਕਾਂ ’ਤੇ ਲਾਸ਼ਾਂ ਨਹੀਂ, ਸਗੋਂ ਹਸਪਤਾਲਾਂ ਵਿੱਚ ਇਲਾਜ, ਘਰਾਂ ਵਿੱਚ ਵਿਸ਼ਵਾਸ, ਨੌਜਵਾਨਾਂ ਦੇ ਹੱਥਾਂ ਵਿੱਚ ਰੁਜ਼ਗਾਰ ਅਤੇ ਸਮਾਜ ਵਿੱਚ ਮਨੁੱਖਤਾ ਦੀ ਲੋੜ ਹੈ।